# ਦਫਤਰ ਨਗਰ ਨਿਗਮ ਹੁਸ਼ਿਆਰਪੁਰ।

# ਪ੍ਰੈਸ ਨੋਟ

## ਵਾਰਡ ਨੰਬਰ 2 ਦੇ ਮੁਹੱਲਾ ਗੋਬਿੰਦ ਗੜ ਵਿਖੇ 13 ਲੱਖ ਰੁਪਏ ਦੀ ਲਾਗਤ ਨਾਲ ਮੇਅਰ ਸ਼ਿਵ ਸੂਦ ਨੇ ਇਟਰਲਾਕਿੰਗ ਟਾਈਲਾਂ ਦੇ ਕੰਮ ਦੀ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 19 ਦਿਸੰਬਰ ਨਗਰ ਨਿਗਮ, ਹੁਸ਼ਿਆਰਪੁਰ ਦੇ ਮੇਅਰ ਸ਼ਿਵ ਸੂਦ ਨੇ ਅੱਜ ਵਾਰਡ ਨੰ: 2 ਦੇ ਮੁੱਹਲਾ ਗੋਬਿੰਦ ਗੜ ਵਿਖੇ 13 ਲੱਖ ਰੁਪਏ ਦੀ ਲਾਗਤ ਨਾਲ ਇਟਰਲਾਕਿੰਗ ਟਾਈਲਾਂ ਦੇ ਕੰਮ ਦੀ ਸ਼ੁਰੂਆਤ ਬਾਬਾ ਮੋਹਨ ਦਾਸ ਤੋਂ ਰੀਬਨ ਕੱਟਵਾ ਕੇ ਕੀਤੀ। ਇਸ ਮੌਕੇ ਤੇ ਉਨਾਂ ਦੱਸਿਆ ਕਿ ਵਾਰਡ ਨੰ: 2 ਦੇ ਨਿਵਾਸੀਆਂ ਦੀ ਮੰਗ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਨਗਰ ਨਿਗਮ ਵਲੋ ਸ਼ਹੀਰ ਦੇ ਹਰ ਵਾਰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਤੇ ਕਰਵਾਏ ਜਾ ਰਹੇ ਹਨ। ਇਸ ਮੌਕੇ ਤੇ ਮੁਹੱਲਾ ਨਿਵਾਸੀਆਂ ਨੇ ਮੇਅਰ ਸ਼ਿਵ ਸੂਦ ਵੱਲੋਂ ਇੰਟਰਲਾਕਿੰਗ ਟਾਈਲਾਂ ਲਾਗਉਣ ਦਾ ਕੰਮ ਸ਼ੁਰੂ ਕਰਵਾਉਣ ਤੇ ਉਨਾਂ ਦਾ ਧੰਨਵਾਦ ਕੀਤਾ।

ਨਗਰ ਨਿਗਮ ਦੇ ਕਾਰਜਕਾਰੀ ਇੰਜੀਨਅਰ ਸਤੀਸ਼ ਸੈਣੀ, ਐਸ.ਡੀ.ਓ ਕੁਲਦੀਪ ਸਿੰਘ, ਹਰਪ੍ਰੀਤ ਸਿੰਘ, ਜੇ.ਈ ਗੁਰਪ੍ਰੀਤ ਸਿੰਘ, ਇੰਸਪੈਕਟਰ ਵਿਜੇ ਕੁਮਾਰ, ਰਕੇਸ਼ ਡੋਗਰਾ, ਅਸ਼ਵਨੀ, ਸੰਜੀਵ ਡੀ ਸੋਨੀ, ਮਾਸਟਰ ਵਿਜੇ, ਰਾਮ ਪ੍ਰਕਾਸ਼, ਗੁਰਜੀਤ ਸਿੰਘ, ਹਰੀਸ਼ ਐਰੀ, ਸੁਮੀਤ ਓਹਰੀ, ਕਿਸ਼ਨ ਬਿੱਲਾ, ਯਸ਼ਪਾਲ ਸ਼ਰਮਾ,ਹੇਮ ਲਤਾ, ਸੁਮਨ, ਆਸ਼ਾ ਦੇਵੀ, ਰਕਸ਼ਾ ਦੇਵੀ, ਮਾਇਆ ਦੇਵੀ ਅਤੇ ਮੁਹੱਲਾ ਨਿਵਾਸੀ ਇਸ ਮੌਕੇ ਤੇ ਹਾਜਰ ਸਨ।